# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-12-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਪ੍ਰਯਾਗ-ਰਾਜ ਦੇ ਦੌਰੇ 'ਤੇ ਨੇ । ਪ੍ਰਧਾਨ ਮੰਤਰੀ ਅਗਲੇ ਸਾਲ 13 ਜਨਵਰੀ ਤੋਂ ਅਧਿਕਾਰਤ ਤੌਰ 'ਤੇ ਸ਼ੁਰੂ ਹੋਣ ਵਾਲੇ ਮਹਾਕੁੰਭ-2025 ਦਾ ਰਸਮੀ ਤੌਰ 'ਤੇ ਉਦਘਾਟਨ ਕਰਨਗੇ। ਇਸ ਮੌਕੇ ਪ੍ਰਧਾਨ ਮੰਤਰੀ ਪੂਰੀ ਤਰ੍ਹਾਂ ਤਿਆਰ, ਲਗਭਗ 7 ਹਜ਼ਾਰ ਕਰੋੜ ਰੁਪਏ ਦੇ ਮਹਾਕੁੰਭ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ । ਇਸ ਵਿੱਚ ਪ੍ਰਯਾਗਰਾਜ ਵਿੱਚ ਬੁਨਿਆਦੀ ਢਾਂਚੇ ਨੂੰ ਉਤਸ਼ਾਹਿਤ ਕਰਨ ਅਤੇ ਨਿਰਵਿਘਨ ਸੰਪਰਕ ਮੁਹਇਆ ਕਰਨ ਲਈ 10 ਨਵੇਂ ਰੋਡ ਓਵਰ ਬ੍ਰਿਜ, ਸਥਾਈ ਘਾਟ ਅਤੇ ਦਰਿਆ ਕੰਢੇ ਸੜਕਾਂ ਵਰਗੇ ਵੱਖ-ਵੱਖ ਰੇਲ ਅਤੇ ਸੜਕ ਪ੍ਰੋਜੈਕਟ ਸ਼ਾਮਲ ਹੋਣਗੇ। ਪ੍ਰਧਾਨ ਮੰਤਰੀ ਹੋਰਾਂ ਦੇ ਨਾਲ-ਨਾਲ ਮੁੱਖ ਮੰਦਰ ਲਾਂਘਿਆਂ ਦਾ ਵੀ ਉਦਘਾਟਨ ਕਰਨਗੇ।

-------------------------------------------------

ਦੇਸ਼ ਅੱਜ 13 ਦਸੰਬਰ 2001 ਨੂੰ ਸੰਸਦ ਭਵਨ 'ਤੇ ਹੋਏ ਅੱਤਵਾਦੀ ਹਮਲੇ 'ਚ ਸ਼ਹੀਦ ਹੋਏ ਸੁਰੱਖਿਆ ਕਰਮੀਆਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ। ਉਪ ਰਾਸ਼ਟਰਪਤੀ ਅਤੇ ਰਾਜ ਸਭਾ ਦੇ ਚੇਅਰਮੈਨ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਲੋਕ ਸਭਾ ਸਪੀਕਰ ਓਮ ਬਿਰਲਾ, ਗ੍ਰਿਹ ਮੰਤਰੀ ਅਮਿਤ ਸ਼ਾਹ ਕੇਂਦਰੀ ਮੰਤਰੀਆਂ ਅਤੇ ਹੋਰ ਸੰਸਦ ਮੈਂਬਰਾਂ ਨੇ, ਸੰਸਦ ਭਵਨ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ 13 ਦਸੰਬਰ 2001 ਨੂੰ ਹੋਏ ਅੱਤਵਾਦੀ ਹਮਲੇ ਦੌਰਾਨ, ਸੰਸਦ ਦੀ ਰੱਖਿਆ ਕਰਦੇ ਹੋਏ ਆਪਣੀਆਂ ਜਾਨਾਂ ਗੁਆਉਣ ਵਾਲੇ ਸੁਰੱਖਿਆ ਕਰਮਚਾਰੀਆਂ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ, ਸੰਸਦ ਦੇ ਸੁਰੱਖਿਆ ਕਰਮਚਾਰੀਆਂ ਦੀ ਬੇਮਿਸਾਲ ਹਿੰਮਤ ਅਤੇ ਨਿਰਸਵਾਰਥ ਸੇਵਾ ਨੂੰ ਯਾਦ ਕੀਤਾ। ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦੀ ਸੇਵਾ, ਦੇਸ਼ ਵਾਸੀਆਂ ਨੂੰ ਹਮੇਸ਼ਾ ਪ੍ਰੇਰਨਾ ਦਿੰਦੀ ਰਹੇਗੀ। ਰਾਸ਼ਟਰ ਹਮੇਸ਼ਾ ਇਨ੍ਹਾਂ ਬਹਾਦਰ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਧੰਨਵਾਦੀ

ਰਹੇਗਾ । ਅੱਤਵਾਦ ਦਾ ਮੁਕਾਬਲਾ ਕਰਨ ਦੇ ਆਪਣੇ ਸੰਕਲਪ ਨੂੰ ਦੁਹਰਾਉਂਦੇ ਹੋਏ, ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਅੱਤਵਾਦੀ ਤਾਕਤਾਂ ਦੇ ਖਿਲਾਫ ਇਕਜੁੱਟ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਬਹਾਦਰਾਂ ਦੀ ਮਹਾਨ ਕੁਰਬਾਨੀ, ਦੇਸ਼ ਨੂੰ ਹਮੇਸ਼ਾ ਪ੍ਰੇਰਨਾ ਦਿੰਦੀ ਰਹੇਗੀ । ਉਨ੍ਹਾਂ ਕਿਹਾ ਕਿ ਦੇਸ਼, ਉਨ੍ਹਾਂ ਦੀ ਹਿੰਮਤ ਅਤੇ ਸਮਰਪਣ ਲਈ ਉਨ੍ਹਾਂ ਦਾ ਰਿਣੀ ਰਹੇਗਾ।

-----------------------------------------------------------

ਅੱਜ ਸੰਸਦ ਦੇ ਦੋਵਾਂ ਸਦਨਾਂ ਵਿੱਚ 2001 ਦੇ ਸੰਸਦ ਹਮਲੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ । ਦੋਵਾਂ ਸਦਨਾਂ ਦੇ ਮੈਂਬਰਾਂ ਵਲੋਂ ਵੀ ਬਹਾਦਰ ਸੁਰੱਖਿਆ ਕਰਮੀਆਂ ਦੇ ਸਨਮਾਨ ਵਜੋਂ ਮੌਨ ਧਾਰਨ ਕੀਤਾ ਗਿਆ । ਜਦੋਂ ਲੋਕ ਸਭਾ ਦੀ ਕਾਰਵਾਈ ਸ਼ੁਰੂ ਹੋਈ ਤਾਂ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ 2001 ਵਿੱਚ ਅੱਜ ਦੇ ਦਿਨ ਚੌਕਸ ਸੁਰੱਖਿਆ ਮੁਲਾਜ਼ਮਾਂ ਨੇ, ਮਿਸਾਲੀ ਸਾਹਸ ਅਤੇ ਬਹਾਦਰੀ ਦੀ ਮਿਸਾਲ ਦਿੰਦਿਆਂ ਦਹਿਸ਼ਤਗਰਦਾਂ ਦੀਆਂ ਨਾਪਾਕ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ ਸੀ । ਉਨ੍ਹਾਂ ਕਿਹਾ ਕਿ ਅੱਤਵਾਦੀ ਹਮਲੇ ਦੌਰਾਨ ਸੰਸਦ ਸੁਰੱਖਿਆ

ਸੇਵਾ, ਦਿੱਲੀ ਪੁਲਿਸ, ਸੀ.ਆਰ.ਪੀ.ਐਫ ਦੇ ਅੱਠ ਸੁਰੱਖਿਆ ਕਰਮਚਾਰੀ ਅਤੇ CPWD ਦਾ ਇੱਕ ਮੁਲਾਜ਼ਮ ਸ਼ਹੀਦ ਹੋ ਗਿਆ ਸੀ। ਰਾਜ ਸਭਾ ਦੇ ਚੇਅਰਮੈਨ ਜਗਦੀਪ ਧਨਖੜ ਨੇ ਕਿਹਾ ਕਿ ਅੱਜ ਸੰਸਦ 'ਤੇ ਹੋਏ ਭਿਆਨਕ ਅੱਤਵਾਦੀ ਹਮਲੇ ਦੀ 23ਵੀਂ ਬਰਸੀ ਏ। ਉਨ੍ਹਾਂ ਕਿਹਾ ਕਿ ਸੁਰੱਖਿਆ ਕਰਮਚਾਰੀ ਅੱਤਵਾਦੀਆਂ ਦੀ ਘਿਨਾਉਣੀ ਸਾਜ਼ਿਸ਼ ਨਾਲ ਨਜਿੱਠਣ ਲਈ ਬਹਾਦਰੀ ਨਾਲ ਖੜ੍ਹੇ ਰਹੇ। ਉਨ੍ਹਾਂ ਕਿਹਾ ਕਿ ਇਹ ਦਿਨ, ਸਾਨੂੰ ਰਾਸ਼ਟਰੀ ਸੁਰੱਖਿਆ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਚੌਕਸੀ ਅਤੇ ਏਕਤਾ ਦੀ ਲੋੜ ਨੂੰ ਵੀ ਯਾਦ ਰੱਖਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਦੇਸ਼ ਵਾਸੀਆਂ ਨੂੰ ਸਾਡੀ ਏਕਤਾ, ਆਜ਼ਾਦੀ ਅਤੇ ਨਿਆਂ ਦੀ ਰਾਖੀ ਲਈ ਅਡੋਲ ਰਹਿਣਾ ਚਾਹੀਦਾ ਏ।

---------------------------------------------------------------

ਭਾਰਤੀ ਫੌਜ ਦੀ ਵਜਰ ਕੋਰ ਅੱਜ ਤੋਂ ਅੰਮ੍ਰਿਤਸਰ ਵਿੱਚ ਵਿਜੇ ਦਿਵਸ ਮਨਾ ਰਹੀ ਏ। ਵਿਜੇ ਦਿਵਸ 16 ਦਸੰਬਰ ਨੂੰ ਪਾਕਿਸਤਾਨ ਖਿਲਾਫ 1971 ਦੀ ਜੰਗ ਵਿੱਚ ਜਿੱਤ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਇਸ ਜੰਗ ਤੋਂ ਬਾਅਦ ਹੀ ਆਜ਼ਾਦ ਬੰਗਲਾਦੇਸ਼ ਦਾ ਜਨਮ ਹੋਇਆ।

ਇਸ ਜਿੱਤ ਦਿਹਾੜੇ ਦੀ 53ਵੀਂ ਵਰ੍ਹੇਗੰਢ ਦੇ ਹਿੱਸੇ ਵਜੋਂ, ਅੱਜ ਅਤੇ ਕਲ ਪੰਜਾਬ ਰਾਜ ਜੰਗੀ ਯਾਦਗਾਰ ਵਿਖੇ ਆਮ ਲੋਕਾਂ ਲਈ ਹਥਿਆਰਾਂ ਦੀ ਪ੍ਰਦਰਸ਼ਨੀ ਲਗਾਈ ਜਾ ਰਹੀ ਏ।

-----------------------------------------------------

ਭਾਰਤੀ ਲਾਈਟ ਟੈਂਕ ਨੇ 4 ਹਜ਼ਾਰ 200 ਮੀਟਰ ਤੋਂ ਵੱਧ ਦੀ ਉਚਾਈ 'ਤੇ, ਵੱਖ-ਵੱਖ ਰੇਂਜਾਂ 'ਤੇ ਸਟੀਕ ਗੋਲੀਬਾਰੀ ਕਰਕੇ ਇੱਕ ਵੱਡੀ ਉਪਲਬਧੀ ਹਾਸਲ ਕੀਤੀ ਏ। ਰੱਖਿਆ ਮੰਤਰਾਲੇ ਨੇ ਕਿਹਾ ਕਿ ਲਾਈਟ ਟੈਂਕ ਨੂੰ, ਵੱਧ ਉਚਾਈ ਵਾਲੀਆਂ ਥਾਵਾਂ 'ਤੇ ਹਥਿਆਰਬੰਦ ਬਲਾਂ ਦੀ ਜ਼ਰੂਰਤ ਨੂੰ ਪੂਰਾ ਕਰਨ ਲਈ, 25 ਟਨ ਸ਼੍ਰੇਣੀ ਦੇ ਬਖਤਰਬੰਦ ਲੜਾਕੂ ਵਾਹਨ ਵਜੋਂ ਤਿਆਰ ਕੀਤਾ ਜਾ ਰਿਹਾ ਏ। ਇਸਨੂੰ ਚੇਨਈ ਵਿੱਚ ਰੱਖਿਆ ਖੋਜ ਅਤੇ ਵਿਕਾਸ ਸੰਗਠਨ ਦੀ ਪ੍ਰਯੋਗਸ਼ਾਲਾ ਵਿੱਚ ਲੜਾਕੂ ਵਾਹਨ ਖੋਜ ਅਤੇ ਵਿਕਾਸ ਸਥਾਪਨਾ ਦੁਆਰਾ ਡਿਜ਼ਾਈਨ ਅਤੇ ਵਿਕਸਤ ਕੀਤਾ ਗਿਆ ਏ। ਰੱਖਿਆ ਮੰਤਰਾਲੇ ਨੇ ਕਿਹਾ ਕਿ ਭਾਰਤੀ ਹਵਾਈ ਫੌਜ ਨੇ, ਲਾਈਟ ਟੈਂਕ ਦੀ ਏਅਰਲਿਫਟ ਸਮਰੱਥਾ ਦਾ ਵੀ ਪ੍ਰਦਰਸ਼ਨ ਕੀਤਾ ਏ। ਇਸ ਸਮਰੱਥਾ ਦੇ ਨਾਲ, ਟੈਂਕ ਨੂੰ ਉਨ੍ਹਾਂ ਦੂਰ-ਦੁਰਾਡੇ ਥਾਵਾਂ 'ਤੇ ਵੀ ਲਗਾਇਆ

ਜਾ ਸਕਦਾ ਏ, ਜਿੱਥੇ ਸੜਕ ਜਾਂ ਰੇਲ ਰਾਹੀਂ ਪਹੁੰਚਣਾ ਮੁਸ਼ਕਲ ਏ। ਮੰਤਰਾਲੇ ਨੇ ਕਿਹਾ ਕਿ ਟੈਂਕ ਦੀ ਵਿਆਪਕ ਤੈਨਾਤੀ ਤੋਂ ਪਹਿਲਾਂ, ਕੁਝ ਹੋਰ ਟੈਸਟ ਕੀਤੇ ਜਾ ਰਹੇ ਨੇ।

---------------------------------------------------

ਪੰਜਾਬ ਦੇ ਪੰਜ ਨਗਰ ਨਿਗਮਾਂ ਲਈ 21 ਦਸੰਬਰ ਨੂੰ ਹੋਣ ਵਾਲੀਆਂ ਚੋਣਾਂ ਵਾਸਤੇ, ਦੋ ਹਜ਼ਾਰ 231 ਨਾਮਜ਼ਦਗੀ ਪੱਤਰ ਦਾਖਲ ਕੀਤੇ ਨੇ ਜਦਕਿ ਕਮਿਸ਼ਨ ਵੱਲੋਂ ਅੱਜ 44 ਨਗਰ ਕੌਂਸਲਾਂ ਦੇ ਅੰਕੜੇ ਜਾਰੀ ਕੀਤੇ ਜਾਣ ਦੀ ਉਮੀਦ ਏ। ਨਾਮਜ਼ਦਗੀ ਪੱਤਰਾਂ ਦੀ ਅੱਜ ਪੜਤਾਲ ਹੋ ਰਹੀ ਏ। ਇਸ ਦੌਰਾਨ ਸਾਰੀ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਵੀ ਕੀਤੀ ਜਾਵੇਗੀ। ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸਾਰੀ ਚੋਣ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕਰਨ ਦੇ ਹੁਕਮ ਜਾਰੀ ਕੀਤੇ ਨੇ। ਨਾਮਜ਼ਦਗੀਆਂ ਵਾਪਸ ਲੈਣ ਅਤੇ ਚੋਣ ਨਿਸ਼ਾਨਾਂ ਦੀ ਅਲਾਟਮੈਂਟ ਕਲ ਨੂੰ ਹੋਵੇਗੀ।

---------------------------------------------------

ਪਹਾੜਾਂ ’ਤੇ ਹੋ ਰਹੀ ਬਰਫਬਾਰੀ ਦਾ ਅਸਰ ਪੰਜਾਬ ਤੇ ਚੰਡੀਗੜ੍ਹ ਵਿੱਚ ਵੇਖਣ ਨੂੰ ਮਿਲ ਰਿਹਾ ਏ। ਪਹਾੜਾਂ ਤੋਂ ਮੈਦਾਨੀ ਇਲਾਕਿਆਂ ਵੱਲ 11

ਕਿਲੋ-ਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਵਗ ਰਹੀਆਂ ਨੇ। ਇਸੇ ਕਾਰਨ ਪਿਛਲੇ ਕੁਝ ਦਿਨਾਂ ਤੋਂ ਤਾਪਮਾਨ ਵਿੱਚ ਲਗਾਤਾਰ ਗਿਰਾਵਟ ਦਰਜ ਕੀਤੀ ਜਾ ਰਹੀ ਏ ਅਤੇ ਠੰਢ ਵਿਚ ਵੀ ਵਾਧਾ ਹੋ ਰਿਹਾ ਏ। ਪੰਜਾਬ ਵਿੱਚ ਘੱਟੋ-ਘੱਟ ਤਾਪਮਾਨ 2 ਤੋਂ 8 ਡਿਗਰੀ ਦੇ ਵਿਚਕਾਰ ਬਣਿਆ ਹੋਇਆ ਏ, ਜੋ ਆਮ ਨਾਲੋਂ ਲਗਭਗ 2 ਡਿਗਰੀ ਘੱਟ ਏ। ਮੌਸਮ ਵਿਭਾਗ ਨੇ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੋਸ਼ਿਆਰਪੁਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਫਿਰੋਜ਼ਪੁਰ, ਸਮੇਤ 19 ਜ਼ਿਲਿਆਂ ਵਿਚ 15 ਦਸੰਬਰ ਤੱਕ ਸ਼ੀਤ ਲਹਿਰ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ। ਵਿਭਾਗ ਦੇ ਮੁਤਾਬਕ ਆਉਂਦੇ ਇੱਕ ਹਫ਼ਤੇ ਤੱਕ, ਪੰਜਾਬ ਵਿੱਚ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਏ।